**ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ ਅਤੇ**
**ਸਟੇਟ ਪ੍ਰੋਜੈਕਟ ਡਾਇਰੈਕਟਰ, ਸਰਵ ਸਿੱਖਿਆ ਅਭਿਆਨ ਅਥਾਰਟੀ,ਪੰਜਾਬ,**
**ਐਸ. ਸੀ. ਓ ਨੰ. 104-106, ਸੈਕਟਰ 34 ਏ, ਚੰਡੀਗੜ੍ਹ**

**ਸੇਵਾ ਵਿਖੇ**

ਪੰਜਾਬ ਰਾਜ ਦੇ ਸਮੂਹ ਸਿੱਖਿਆ ਅਫਸਰ (ਸੈ.ਸਿ.) ਅਤੇ (ਪ੍ਰਾ.ਸਿ.)

ਮੀਮੋ ਨੰ ਸਸਅ/ਡਿਐਸਪੀਡੀ/2010/27088-27127
ਮਿਤੀ ਚੰਡੀਗੜ੍ਹ 26 ਫਰਵਰੀ, 2010

**ਵਿਸ਼ਾ ਮਰਦਮ ਸ਼ੁਮਾਰੀ 2011 ਲਈ ਅਧਿਆਪਕਾਂ ਦੀਆਂ ਡਿਊਟੀਆਂ ਬਾਰੇ**

1.0 ਉਪਰੋਕਤ ਵਿਸ਼ੇ ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ।

2.0 ਆਪ ਜੀ ਨੂੰ ਪਤਾ ਹੋਵੇਗਾ ਕਿ ਇਸ ਸਮੇਂ ਪੂਰੇ ਦੇਸ਼ ਵਿੱਚ ਮਰਦਮ ਸ਼ੁਮਾਰੀ 2011 ਦਾ ਕੰਮ ਬੜੇ ਜ਼ੋਰ ਸ਼ੋਰ ਨਾਲ ਚਲਾਇਆ ਜਾ ਰਿਹਾ ਹੈ । ਪੰਜਾਬ ਰਾਜ ਵਿੱਚ ਵੀ ਵੱਖ-ਵੱਖ ਜ਼ਿਲ੍ਹਿਆਂ ਵਿੱਚ ਇਸ ਕੰਮ ਨੂੰ ਨੇਪਰੇ ਚਾੜ੍ਹਣ ਲਈ ਕਰਮਚਾਰੀਆਂ ਦੀਆਂ ਡਿਊਟੀਆਂ ਲਗਾਈਆਂ ਜਾ ਰਹੀਆਂ ਹਨ ਜਿਸ ਦੇ ਵਿੱਚ ਸਿੱਖਿਆ ਵਿਭਾਗ ਵਿੱਚ ਕੰਮ ਕਰਨ ਵਾਲੇ ਅਧਿਆਪਕਾਂ ਦੀਆ ਡਿਊਟੀਆਂ ਵੀ ਸਬੰਧਤ ਡਿਪਟੀ ਕਮਿਸ਼ਨਰ ਵੱਲੋਂ ਲਗਾਈਆਂ ਜਾ ਚੁੱਕੀਆਂ ਹਨ । ਵੱਖ-ਵੱਖ ਸਕੂਲਾਂ ਤੋਂ ਪ੍ਰਾਪਤ ਹੋ ਰਹੇ ਟੈਲੀਫੋਨ ਅਤੇ ਬਿਨੈ ਪੱਤਰਾਂ ਤੋਂ ਇਹ ਗੱਲ ਵੀ ਧਿਆਨ ਵਿੱਚ ਆਈ ਹੈ ਕਿ ਇਸ ਸਮੇਂ ਮਰਦਮ ਸ਼ੁਮਾਰੀ ਦਾ ਕੰਮ ਕਰਨ ਕਰਕੇ ਸਕੂਲਾਂ ਵਿੱਚ ਪੜ੍ਹਾਈ ਦਾ ਬਹੁਤ ਜ਼ਿਆਦਾ ਨੁਕਸਾਨ ਹੋ ਰਿਹਾ ਹੈ ।

3.0 ਇਹ ਗੱਲ ਠੀਕ ਹੈ ਕਿ ਮਰਦਮ ਸ਼ੁਮਾਰੀ ਦਾ ਕੰਮ ਵੀ ਬਹੁਤ ਜ਼ਰੂਰੀ ਹੈ ਅਤੇ ਇਸ ਦੇ ਲਈ ਜ਼ਿਲ੍ਹਾ ਪ੍ਰਸ਼ਾਸ਼ਨ ਵੱਲੋਂ ਲੋੜੀਂਦੇ ਕਰਮਚਾਰੀਆਂ ਦੀ ਡਿਊਟੀ ਲਗਾਈ ਜਾਣੀ ਲਾਜ਼ਮੀ ਬਣ ਜਾਂਦੀ ਹੈ । ਪਰੰਤੂ ਜੇਕਰ ਸਿੱਖਿਆ ਵਿਭਾਗ ਵੱਲੋਂ ਇਸ ਕੰਮ ਲਈ ਲਗਾਏ ਗਏ ਅਧਿਆਪਕਾਂ ਦੀ ਲੋੜੀਂਦੀ ਐਕਸਰਸਾਈਜ਼ ਇਸ ਗੱਲ ਨੂੰ ਧਿਆਨ ਵਿੱਚ ਰੱਖ ਕੇ ਕਰ ਲਈ ਜਾਵੇ ਕਿ ਸਕੂਲਾਂ ਦੇ ਵਿੱਚ ਬੱਚਿਆਂ ਦੀ ਪੜ੍ਹਾਈ ਦਾ ਨੁਕਸਾਨ ਘੱਟ ਤੋਂ ਘੱਟ ਹੋਵੇ ਤਾਂ ਇਸ ਦੇ ਚੰਗੇ ਨਤੀਜੇ ਸਾਹਮਣੇ ਆ ਸਕਦੇ ਹਨ । ਇਸ ਸਬੰਧ ਵਿੱਚ ਮੁੱਖ ਦਫਤਰ ਵਿੱਚ ਇਸ ਸਾਰੇ ਮੁੱਦੇ ਨੂੰ ਵਿਚਾਰਿਆ ਗਿਆ ਹੈ ਅਤੇ ਜ਼ਿਲ੍ਹਾ ਸਿੱਖਿਆ ਅਫਸਰ, ਪ੍ਰਿੰਸੀਪਲ, ਸਕੂਲ ਹੈਡਮਾਸਟਰਾਂ ਨਾਲ ਵੀ ਵਿਚਾਰ ਕੀਤਾ ਗਿਆ ਹੈ । ਇਨ੍ਹਾਂ ਸਾਰੀਆਂ ਗੱਲਾਂ ਨੂੰ ਧਿਆਨ ਵਿੱਚ ਰੱਖਦੇ ਹੋਇਆਂ ਆਪ ਜੀ ਨੂੰ ਸਲਾਹ ਦਿੱਤੀ ਜਾਂਦੀ ਹੈ ਕਿ ਮਰਦਮ ਸ਼ੁਮਾਰੀ ਦੇ ਕੰਮ ਲਈ ਕਰਮਚਾਰੀਆਂ ਦੀਆ ਲਿਸਟਾਂ ਭੇਜਣ ਸਮੇਂ ਗੈਰ-ਅਧਿਆਪਨ ਵਰਗ ਦੇ ਕਰਮਚਾਰੀ ਜਿਵੇਂ ਕਿ ਐਸ.ਐਲ.ਏ., ਕਲਰਕ ਅਤੇ ਇਸ ਉਪਰੰਤ ਪੀ.ਟੀ.ਆਈ., ਡੀ.ਪੀ.ਈ., ਆਰਟ ਅਤੇ ਕਰਾਫਟ ਟੀਚਰ ਆਦਿ ਨੂੰ ਇਸ ਕੰਮ ਲਈ ਲਗਾਇਆ ਜਾ ਸਕਦਾ ਹੈ । ਇਸ ਉਪਰੰਤ ਵੀ ਜੇਕਰ ਹੋਰ ਨਾਂ ਦੇਣ ਦੀ ਲੋੜ ਪਵੇ ਤਾਂ ਸਬੰਧਤ ਜ਼ਿਲ੍ਹਾ ਸਿੱਖਿਆ ਅਫਸਰ ਅਧਿਆਪਕਾਂ ਵੱਲੋਂ ਪੜ੍ਹਾਏ ਜਾਣ ਵਾਲੇ ਵਿਸ਼ਿਆਂ ਨੂੰ ਧਿਆਨ ਵਿੱਚ ਰੱਖ ਕੇ ਲੋੜੀਂਦਾ ਫੈਸਲਾ ਲੈਣ । ਜਿੱਥੇ ਤੀਕ ਹੋ ਸਕੇ ਸਾਇੰਸ, ਮੈਥ, ਐਸ.ਐਸ. ਮਾਸਟਰ, ਪੰਜਾਬੀ ਅਤੇ ਹਿੰਦੀ ਮਾਸਟਰਾਂ ਨੂੰ ਇਸ ਕੰਮ ਲਈ

ਨਾ ਲਗਾਇਆ ਜਾਵੇ ਅਤੇ ਉਹਨਾਂ ਨੂੰ ਸ਼ਖਤ ਹਦਾਇਤ ਕੀਤੀ ਜਾਵੇ ਕਿ ਉਹ ਆਪਣੇ ਸਕੂਲਾਂ ਵਿੱਚ ਵਿਦਿਆਰਥੀਆਂ ਦੀ ਪੜ੍ਹਾਈ ਵੱਲ ਵਿਸ਼ੇਸ਼ ਧਿਆਨ ਦੇਣ ।

4.0 ਇਸੇ ਤਰ੍ਹਾਂ ਪ੍ਰਾਇਮਰੀ ਸਕੂਲਾਂ ਵਿੱਚ ਵੀ ਪੜ੍ਹੋ ਪੰਜਾਬ ਪ੍ਰੋਜੈਕਟ ਤਹਿਤ ਕੰਮ ਕਰਨ ਵਾਲੇ ਸੀ.ਐਮ.ਟੀ. /ਬੀ.ਐਮ.ਟੀ. ਦੀ ਡਿਊਟੀ ਨਾ ਲਗਾਈ ਜਾਵੇ ।

ਡਾਇਰੈਕਟਰ ਜਨਰਲ ਸਕੂਲ ਸਿੱਖਿਆ, ਪੰਜਾਬ